ਸ੍ਰੀਰਾਗੁ ਮਹਲਾ ੫ ॥ ਨਾਮੁ ਧਿਆਏ ਸੋ ਸੁਖੀ ਤਿਸੁ ਮੁਖੁ ਊਜਲੁ ਹੋਇ ॥ ਪੂਰੇ ਗੁਰ ਤੇ ਪਾਈਐ ਪਰਗਟੁ ਸਭਨੀ ਲੋਇ ॥ ਸਾਧਸੰਗਤਿ ਕੈ ਘਰਿ ਵਸੈ ਏਕੋ ਸਚਾ ਸੋਇ ॥ ੧॥ ਮੇਰੇ ਮਨ ਹਰਿ ਹਰਿ ਨਾਮੁ ਧਿਆਇ ॥ ਨਾਮੁ ਸਹਾਈ ਸਦਾ ਸੰਗਿ ਆਗੈ ਲ ਏ ਛਡਾਇ ॥੧॥ ਰਹਾਉ ॥ ਦੁਨੀਆ ਕੀਆ ਵਡਿਆਈਆ ਕਵਨੈ ਆਵਹਿ ਕਾਮਿ ॥ ਮਾਇਆ ਕਾ ਰੰਗੁ ਸਭੁ ਫਿਕਾ ਜਾਤੋ ਬਿਨਸਿ ਨਿਦਾਨਿ ॥ ਜਾ ਕੈ ਹਿਰਦੈ ਹਰਿ ਵਸੈ ਸੋ ਪੂਰਾ ਪਰਧਾਨੁ ॥ ੨॥ ਸਾਧੂ ਕੀ ਹੋਹੁ ਰੇਣੁਕਾ ਅਪਣਾ ਆਪੁ ਤਿਆਗਿ ॥ ਉਪਾਵ ਸਿਆਣਪ ਸਗਲ ਛਡਿ ਗੁਰ ਕੀ ਚਰਣੀ ਲਾਗੁ ॥ ਤਿਸਹਿ ਪਰਾਪਤਿ ਰਤਨੁ ਹੋਇ ਜਿਸੁ ਮਸਤਕਿ ਹੋਵੈ ਭਾਗੁ ॥੩॥ ਤਿਸੈ ਪਰਾਪਤਿ ਭਾਈਹੋ ਜਿਸੁ ਦੇਵੈ ਪ੍ਰਭੁ ਆਪਿ ॥ ਸਤਿਗੁਰ ਕੀ ਸੇਵਾ ਸੋ ਕਰੇ ਜਿਸੁ ਬਿਨਸੈ ਹਉਮੈ ਤਾਪੁ ॥ ਨਾਨਕ ਕਉ ਗੁਰੁ ਭੇਟਿਆ ਬਿਨਸੇ ਸਗਲ ਸੰਤਾਪ ॥੪॥੮॥੭੮॥
{ਪੰਨਾ 45}

ਪਦਅਰਥ:- ਸੋ—ਉਹ ਮਨੁੱਖ। ਤਿਸੁ—ਉਸ ਦਾ। ਊਜਲੁ—ਰੌਸ਼ਨ, ਚਮਕ ਵਾਲਾ। ਤੇ—ਤੋਂ। ਸਭਨੀ ਲੋਇ—ਸਾਰੇ ਭਵਨਾਂ ਵਿਚ। ਘਰਿ—ਘਰ ਵਿਚ। ਸਚਾ—ਸਦਾ-ਥਿਰ ਰਹਿਣ ਵਾਲਾ ਪ੍ਰਭੂ।1।

ਸਹਾਈ—ਸਹੈਤਾ ਕਰਨ ਵਾਲਾ। ਅਗੈ—ਪਰਲੋਕ ਵਿਚ।1। ਰਹਾਉ।

ਕਵਨੈ ਕਾਮਿ—ਕੇਹੜੇ ਕੰਮ? ਫਿਕਾ—ਬੇ-ਸੁਆਦਾ, ਹੋਛਾ। ਜਾਤੋ—ਜਾਂਦਾ ਹੈ। ਨਿਦਾਨਿ—ਓੜਕ ਨੂੰ। ਪਰਧਾਨੁ—ਮੰਨਿਆ-ਪ੍ਰਮੰਨਿਆ।2।

ਰੇਣੁਕਾ—ਚਰਨ-ਧੂੜ। ਆਪੁ—ਆਪਾ-ਭਾਵ, ਅਹੰਕਾਰ। ਤਿਸਹਿ—ਤਿਸ ਹੀ, ਉਸੇ ਨੂੰ ਹੀ। ਮਸਤਕਿ—ਮੱਥੇ ਉੱਤੇ।3।

ਭਾਈਹੋ—ਹੇ ਭਰਾਵੋ! ਜਿਸੁ ਹਉਮੈ—ਜਿਸ ਦੀ ਹਉਮੈ। ਕਉ—ਨੂੰ। ਭੇਟਿਆ—ਮਿਲਿਆ।4।

ਅਰਥ:- ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਨਾਮ ਸਿਮਰ। ਪਰਮਾਤਮਾ ਦਾ ਨਾਮ (ਜਿੰਦ ਦੀ) ਸਹੈਤਾ ਕਰਨ ਵਾਲਾ ਹੈ, (ਸਦਾ ਜਿੰਦ ਦੇ) ਨਾਲ ਰਹਿੰਦਾ ਹੈ ਤੇ ਪਰਲੋਕ ਵਿਚ (ਕੀਤੇ ਕਰਮਾਂ ਦਾ ਲੇਖਾ ਹੋਣ ਵੇਲੇ) ਛਡਾ ਲੈਂਦਾ ਹੈ।1। ਰਹਾਉ।

ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਹੀ ਸੁਖੀ ਰਹਿੰਦਾ ਹੈ, ਉਸ ਦਾ ਮੂੰਹ (ਲੋਕ ਪਰਲੋਕ ਵਿਚ) ਉੱਜਲਾ ਰਹਿੰਦਾ ਹੈ। (ਇਹ ਨਾਮ) ਪੂਰੇ ਗੁਰੂ ਤੋਂ ਹੀ ਮਿਲਦਾ ਹੈ (ਭਾਵੇਂ ਨਾਮ ਦਾ ਮਾਲਕ ਪ੍ਰਭੂ) ਸਾਰੇ ਹੀ ਭਵਨਾਂ ਵਿਚ ਪ੍ਰਤੱਖ ਵੱਸਦਾ ਹੈ। ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਸਾਧ ਸੰਗਤਿ ਦੇ ਘਰ ਵਿਚ ਵੱਸਦਾ ਹੈ।1।

(ਹੇ ਮੇਰੇ ਮਨ!) ਦੁਨੀਆ ਵਾਲੀਆਂ ਵਡਿਆਈਆਂ ਕਿਸੇ ਕੰਮ ਨਹੀਂ ਆਉਂਦੀਆਂ। ਮਾਇਆ ਦੇ ਕਾਰਨ (ਮੂੰਹ ਉੱਤੇ ਦਿੱਸਦਾ) ਰੰਗ ਫਿਕਾ ਪੈ ਜਾਂਦਾ ਹੈ, ਕਿਉਂਕਿ ਇਹ ਰੰਗ ਆਖ਼ਰ ਨਾਸ ਹੋ ਜਾਂਦਾ ਹੈ। ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ (ਦਾ ਨਾਮ) ਵੱਸਦਾ ਹੈ, ਉਹ ਸਭ ਗੁਣਾਂ ਵਾਲਾ ਹੋ ਜਾਂਦਾ ਹੈ ਤੇ (ਹਰ ਥਾਂ) ਮੰਨਿਆ-ਪ੍ਰਮੰਨਿਆਂ ਜਾਂਦਾ ਹੈ।2।

(ਹੇ ਮੇਰੇ ਮਨ!) ਗੁਰੂ ਦੇ ਚਰਨਾਂ ਦੀ ਧੂੜ ਬਣ, ਤੇ ਆਪਣਾ ਆਪਾ-ਭਾਵ ਛੱਡ ਦੇਹ। (ਹੇ ਮਨ! ਹੋਰ) ਸਾਰੇ ਹੀਲੇ ਤੇ ਚਤੁਰਾਈਆਂ ਛੱਡ ਕੇ ਗੁਰੂ ਦੀ ਸਰਨ ਪਿਆ ਰਹੁ। ਜਿਸ ਮਨੁੱਖ ਦੇ ਮੱਥੇ ਉੱਤੇ (ਪੂਰਬਲਾ) ਭਾਗ ਜਾਗਦਾ ਹੈ, (ਉਹ ਗੁਰੂ ਦੀ ਸਰਨ ਪੈਂਦਾ ਹੈ ਤੇ ਉਸ ਨੂੰ) ਪਰਮਾਤਮਾ ਦਾ ਨਾਮ-ਰਤਨ ਮਿਲ ਪੈਂਦਾ ਹੈ।3।

ਹੇ ਭਰਾਵੋ! ਪ੍ਰਭੂ ਦਾ ਨਾਮ ਉਸੇ ਮਨੁੱਖ ਨੂੰ ਮਿਲਦਾ ਹੈ ਜਿਸ ਨੂੰ (ਗੁਰੂ ਦੀ ਰਾਹੀਂ) ਪ੍ਰਭੂ ਆਪ ਦੇਂਦਾ ਹੈ। ਗੁਰੂ ਦੀ ਸੇਵਾ ਭੀ ਉਹੀ ਮਨੁੱਖ ਕਰਦਾ ਹੈ ਜਿਸ ਦੇ ਅੰਦਰੋਂ ਹਉਮੈ ਦਾ ਤਾਪ ਨਾਸ ਹੋ ਜਾਂਦਾ ਹੈ।

ਹੇ ਨਾਨਕ! ਜਿਸ ਮਨੁੱਖ ਨੂੰ ਗੁਰੂ ਮਿਲਦਾ ਹੈ ਉਸ ਦੇ ਸਾਰੇ ਕਲੇਸ਼ ਦੂਰ ਹੋ ਜਾਂਦੇ ਹਨ।4।8। 78।